# ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2026/ 30725 **ਦਫਤਰੀ ਹੁਕਮ** ਮਿਤੀ- 11/08/26

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: PR-Advt.No. 2329/12/2026-27/13009 ਅਤੇ DPR/PB/2329/12/2026-27/13009 ਮਿਤੀ 08.07.2026 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਂਸਾਮੀਆਂ ਭਰਨ ਲਈ ਮਿਤੀ 23.07.2026 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਦੀ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਦੀ ਉਨ੍ਹਾਂ ਦੇ ਨਾਵਾਂ ਸਾਹਮਣੇ ਦਰਸਾਏ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਬਤੌਰ ਸੀਨੀਅਰ ਰੈਜੀਡੈਂਟ 03 ਸਾਲ ਦੇ ਟੈਨਿਓਰ ਲਈ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੋਣ ਕੀਤੀ ਜਾਂਦੀ ਹੈ:-

(1) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਮੀਦਵਾਰਾਂ ਦੀ ਚੋਣ ਦੇ ਹੁਕਮ ਇਸ ਸੰਸਥਾ ਦੀ ਵੈਬ ਸਾਈਟ (www.gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਸਬੰਧਤ ਉਮੀਦਵਾਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕਰਨਗੇ।

(2) ਚੁਣੇ ਗਏ ਉਮੀਦਵਾਰਾਂ ਦੀ ਜਿਸ ਵਿਭਾਗ ਵਿਚ ਬਤੌਰ ਸੀਨੀਅਰ ਰੈਜੀਡੈਂਟ ਚੋਣ ਹੋ ਜਾਵੇਗੀ, ਉਹ ਅੰਤਿਮ ਹੋਵੇਗੀ।

(3) ਚੁਣੇ ਗਏ ਉਮੀਦਵਾਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ:1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

(4) ਚੁਣੇ ਗਏ ਉਮੀਦਵਾਰਾਂ ਵਿਚੋਂ ਜਿਹੜੇ ਉਮੀਦਵਾਰਾਂ ਨੂੰ ਬਣਦਾ Honorarium ਸਰਕਾਰ ਦੇ ਹੁਕਮ ਮੀਮੋ ਨੰ: 3.ਐਮ.ਈ.3-ਪੰ-2025/12220 ਮਿਤੀ 30.07.2025 ਅਨੁਸਾਰ ਮਿਲਣਯੋਗ ਹੋਵੇਗਾ।

(5) ਚੁਣੇ ਗਏ ਉਮੀਦਵਾਰਾਂ ਨੂੰ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਜੁਆਇੰਨ ਕਰਵਾਇਆ ਜਾਵੇਗਾ ਅਤੇ ਜੇਕਰ ਕਿਸੇ ਉਮੀਦਵਾਰ ਦੇ ਦਸਤਾਵੇਜ਼ ਗਲਤ ਪਾਏ ਜਾਂਦੇ ਹਨ ਜਾਂ ਡਾਕੂਮੈਂਟ ਵੈਰੀਫਿਕੇਸ਼ਨ ਸਮੇ ਕਿਸੇ ਉਮੀਦਵਾਰ ਦੀ ਯੋਗਤਾ ਪੂਰੀ ਨਹੀਂ ਹੁੰਦੀ ਤਾਂ ਉਸ ਉਮੀਦਵਾਰ ਦੀ ਚੋਣ ਰੱਦ ਸਮਝੀ ਜਾਵੇਗੀ।

(5) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਮੀਦਵਾਰ ਵਿਚੋਂ ਜੇਕਰ ਕੋਈ ਉਮੀਦਵਾਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ/ਬਾਂਡਿਡ ਉਮੀਦਵਾਰ ਵੱਜੋਂ ਸੇਵਾ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਸਮਰੱਥ ਅਧਿਕਾਰੀ ਪਾਸੋਂ ਜਾਰੀ ਕੀਤਾ ਗਿਆ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਲੋਂ ਸੀਨੀਅਰ ਰੈਜੀਡੈਂਸੀ/ਬਾਂਡਿਡ ਉਮੀਦਵਾਰ ਵੱਜੋਂ ਸੇਵਾ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ ਅਤੇ ਇਸ ਤੋਂ ਇਲਾਵਾ ਉਮੀਦਵਾਰ ਵੱਲੋਂ ਪੰਜਾਬ ਸਰਕਾਰ ਪਾਸ ਜੇਕਰ ਸ਼ਿਓਰਟੀ ਬਾਂਡ ਭਰਿਆ ਗਿਆ ਜਾਂ ਨਹੀ ਸਬੰਧੀ ਵੀ ਸਵੈ ਘੋਸ਼ਣਾ ਦਿੱਤੀ ਜਾਵੇਗੀ।

| S.No. | Name of Doctors | Father / Husband Name | Category (1 to 7) |
|---|---|---|---|
| | **Hospital Administration** | | |
| 1 | Dr. Deepali Thakur | Sh. J.P Singh | 7 |
| | **Obst & Gynae.** | | |
| 1 | Dr. Priyal Agarwal | Sh. Vidit Mahesheka | 7 |
| | **Physiology** | | |
| 1 | Dr. Shyamali | Sh. Bhola Prasad Sahu | 7 |

| S.No. | Name of Doctors | Father / Husband Name | Category (1 to 7) |
|---|---|---|---|
| | **Plastic Surgery** | | |
| 1 | Dr. Randeep Singh Lamba | Sh. Harendrajeet Singh Lamba | 7 |
| | **Psychiatry** | | |
| 1 | Dr. Poojan Marken | Sh. Jaspal Marken | 7 |
| | **Radiodiagnosis** | | |
| 1 | Dr. Sidhant Gupta | Sh. Parveen Kumar Gupta | 7 |
| | **Urology** | | |
| 1 | Dr. Suraj Bansal | Sh. Subodh Kumar | 7 |
| 2 | Dr. Amritbir Singh Boparai | Sh. Rajinder Singh | 7 |

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ
ਸੁਪਰਡੰਟ ਸੀਨੀਅਰ ਸਹਾਇਕ ਕਲਰਕ

ਪਿੱ:ਅੰ:ਨੰ:1(4022)ਈ1/2026/30726-56 ਮਿਤੀ-11/08/26

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮਾਨਯੋਗ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਮਾਨਯੋਗ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
8. ਰਜਿਸਟਰਾਰ, ਬਾਬਾ ਫਰੀਦ ਯੂਨਿਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ।
9. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ।
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਪ੍ਰੋਫੈਸਰ ਤੇ ਮੁੱਖੀ ਕਮ ਚੇਅਰਮੈਨ ਮੈਡੀਕਲ ਬੋਰਡ, ਅਨਾਟਮੀ ਵਿਭਾਗ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।
13. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ
ਸੁਪਰਡੰਟ ਸੀਨੀਅਰ ਸਹਾਇਕ ਕਲਰਕ